# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :10-04-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ***

- ਸਰਕਾਰ ਦਾ ਕਹਿਣਾ ਏ ਕਿ ਅਗਲੇ ਤਿੰਨ ਮਹੀਨਿਆਂ ਵਿੱਚ ਤਾਪ, ਸੂਰਜੀ, ਹਵਾ ਅਤੇ HYDRO ਗੈਸ ਨਾਲ 22 ਹਜ਼ਾਰ ਮੈਗਾਵਾਟ ਦੀ ਬਿਜਲੀ ਸਮਰੱਥਾ ਵਧਾਉਣ ਦੀ ਯੋਜਨਾ ਏ.
- ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਪਾਕਿਸਤਾਨ ਦੀ ਖੁਫੀਆ ਏਜੰਸੀ ISI ਅਤੇ BKI ਦੀ ਹਮਾਇਤ ਪ੍ਰਾਪਤ ਦਹਿਸ਼ਤਗਰਦੀ ਮਾਡਿਊਲਾਂ ਦਾ ਪਰਦਾਫਾਸ਼ ਕਰਦਿਆਂ ਪੰਜਾਬ ਅਤੇ ਦਿੱਲੀ ਤੋਂ 11 ਦੋਸ਼ੀਆਂ ਨੂੰ ਕੀਤਾ ਗ੍ਰਿਫ਼ਤਾਰ. ਪੰਜਾਬ ਨੇ 28 ਇਸ਼ਤਹਾਰੀ ਮੁਜਰਮਾਂ ਦੀ ਸੂਚੀ ਜਾਰੀ ਕਰ ਕੇ ਓਹਨਾਂ ਦੀਆਂ ਗਿਰਫ਼ਤਾਰੀਆਂ ‘ਤੇ , ਨਕਦ ਈਨਾਮ ਐਲਾਨੇ.
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਤੀਜੇ ਕਨਵੋਕੇਸ਼ਨ ਸਮਾਗਮ ਦੀ ਪ੍ਰਧਾਨਗੀ ਕੀਤੀ .

- ਖਾਲਸਾ ਸਾਜਨਾ ਦਿਵਸ, ਵਿਸਾਖੀ ਮੌਕੇ SGPC ਵੱਲੋਂ 1763 ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਰਵਾਨਾ.

---------------------------------------------------------

ਸਰਕਾਰ ਨੇ ਕਿਹਾ ਏ ਕਿ ਉਸਨੇ ਪੱਛਮੀ ਏਸ਼ੀਆ ਸੰਕਟ ਦਰਮਿਆਨ ਦੇਸ਼ ਦੀ ਬਿਜਲੀ ਅਤੇ ਊਰਜਾ ਲੋੜਾਂ ਦੀ ਸਿਖਰਲੀ ਮੰਗ ਨੂੰ ਸਫਲਤਾ ਨਾਲ ਪੂਰਾ ਕੀਤਾ ਏ। ਅੱਜ ਨਵੀਂ ਦਿੱਲੀ ਵਿੱਚ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਦੌਰਾਨ, ਬਿਜਲੀ ਮੰਤਰਾਲੇ ਦੇ ਵਧੀਕ ਸਕੱਤਰ ਪੀਯੂਸ਼ ਸਿੰਘ ਨੇ ਕਿਹਾ ਕਿ ਸਾਰੇ ਥਰਮਲ ਪਾਵਰ ਪਲਾਂਟ, ਕੋਲੇ ਦੇ ਢੁਕਵੇਂ ਭੰਡਾਰ ਨਾਲ ਪੂਰੀ ਸਮਰੱਥਾ ਨਾਲ ਚੱਲ ਰਹੇ ਨੇ. ਉਨ੍ਹਾਂ ਕਿਹਾ ਕਿ ਸਰਕਾਰ ਅਗਲੇ ਤਿੰਨ ਮਹੀਨਿਆਂ ਵਿੱਚ ਤਾਪ, ਸੂਰਜੀ, ਹਵਾ ਅਤੇ ਹਾਇਡ੍ਰੋ ਗੈਸ ਰਾਹੀਂ 22 ਹਜ਼ਾਰ ਮੈਗਾਵਾਟ ਦੀ ਬਿਜਲੀ ਸਮਰੱਥਾ ਵਧਾਉਣ ਦੀ ਯੋਜਨਾ ਬਣਾ ਰਹੀ ਏ. ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਵਿੱਚ ਸੰਯੁਕਤ ਸਕੱਤਰ ਸੁਜਾਤਾ ਸ਼ਰਮਾ ਨੇ ਕਿਹਾ ਕਿ, ਦੇਸ਼ ਵਿੱਚ ਘਰੇਲੂ ਐਲਪੀਜੀ ਅਤੇ ਈਂਧਣ ਦੀ ਸਪਲਾਈ ਸਥਿਰ ਏ। ਓਹਨਾਂ ਭਰੋਸਾ ਦਿੱਤਾ ਕਿ ਪੈਟਰੋਲ ਅਤੇ ਡੀਜ਼ਲ ਦੀ ਕਾਫ਼ੀ ਉਪਲਬਧਤਾ ਏ. ਸ਼੍ਰੀਮਤੀ ਸ਼ਰਮਾ ਨੇ ਕਿਹਾ ਕਿ ਘਰੇਲੂ ਕੁਦਰਤੀ ਗੈਸ ਦੀ ਵਰਤੋਂ ਨੂੰ ਤਰਜੀਹ ਦਿੱਤੀ ਜਾ

ਰਹੀ ਏ ਅਤੇ ਲੋਕਾਂ ਨੂੰ ਕੁਸ਼ਲਤਾ ਲਈ ਐਲਪੀਜੀ ਤੋਂ ਪੀਐਨਜੀ ਵੱਲ ਜਾਣ ਦੀ ਅਪੀਲ ਕੀਤੀ ਜਾਂਦੀ ਏ.

---------------------------------------------------------

ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਪਾਕਿਸਤਾਨ ਦੀ ਖੁਫੀਆ ਏਜੰਸੀ ISI ਅਤੇ ਬੱਬਰ ਖਾਲਸਾ ਇੰਟਰਨੈਸ਼ਨਲ ਦੀ ਹਮਾਇਤ ਪ੍ਰਾਪਤ ਦਹਿਸ਼ਤਗਰਦੀ ਅਤੇ ਹਥਿਆਰਾਂ ਅਤੇ ਜਾਸੂਸੀ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਏ । ਸਪੈਸ਼ਲ ਸੈੱਲ ਦੇ ਐਡੀਸ਼ਨਲ ਪੁਲਿਸ ਕਮਿਸ਼ਨਰ, ਪ੍ਰਮੋਦ ਸਿੰਘ ਕੁਸ਼ਵਾਹਾ ਨੇ ਕਿਹਾ ਕਿ ਪੰਜਾਬ ਅਤੇ ਦਿੱਲੀ ਤੋਂ 11 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਇਹ ਦੋਸ਼ੀ ਇਨਕ੍ਰਿਪਟਡ ਐਪਸ 'ਤੇ ਪਾਕਿਸਤਾਨ ਸਥਿਤ ਸੰਚਾਲਕਾਂ ਦੇ ਸੰਪਰਕ ਵਿੱਚ ਸਨ। ਸ੍ਰੀ ਕੁਸ਼ਵਾਹਾ ਨੇ ਕਿਹਾ ਕਿ ਉਨ੍ਹਾਂ ਨੂੰ ਜਾਸੂਸੀ ਅਤੇ ਰਾਸ਼ਟਰੀ ਸੁਰੱਖਿਆ ਨੂੰ ਖ਼ਤਰਾ ਪੈਦਾ ਕਰਨ ਵਾਲੀਆਂ ਵਿਨਾਸ਼ਕਾਰੀ ਗਤੀਵਿਧੀਆਂ ਲਈ ਨਿਰਦੇਸ਼ ਮਿਲ ਰਹੇ ਸਨ। ਉਨ੍ਹਾਂ ਕਿਹਾ ਕਿ ਸੰਵੇਦਨਸ਼ੀਲ ਸੁਰੱਖਿਆ ਅਦਾਰਿਆਂ ਦੇ ਨੇੜੇ ਲਗਾਏ ਗਏ, ਸੂਰਜੀ ਊਰਜਾ ਨਾਲ ਚੱਲਣ ਵਾਲੇ ਨੌਂ ਸੀਸੀਟੀਵੀ ਕੈਮਰੇ ਵੀ ਬਰਾਮਦ ਕੀਤੇ ਗਏ ਨੇ.

---------------------------------------------------------

ਏਧਰ ਪੰਜਾਬ ਨੇ ਪਹਿਲੀ ਵਾਰ 28 ਲੋੜੀਂਦੇ ਅਪਰਾਧੀਆਂ ਲਈ ਨਕਦ ਈਨਾਮਾਂ ਦਾ ਐਲਾਨ ਕੀਤਾ ਏ, ਜਿਨ੍ਹਾਂ ਨੂੰ ਮੰਨੇ ਹੋਏ ਅਪਰਾਧੀ ਜਾਂ ਇਸ਼ਤਹਾਰੀ ਮੁਜਰਮ - ਕਿਹਾ ਜਾਂਦਾ ਏ ਅਤੇ ਜੋ ਵਿਦੇਸ਼ ਅਧਾਰਿਤ ਆਪਣੀਆਂ ਲੁਕਣਗਾਹਾਂ ਤੋਂ ਜ਼ਬਰਦਸਤੀ ਵਸੂਲੀ ਰੈਕੇਟ ਚਲਾ ਰਹੇ ਨੇ, ਨਸ਼ੀਲੇ ਪਦਾਰਥਾਂ, ਹਥਿਆਰਾਂ ਅਤੇ ਗੋਲੀ ਸਿੱਕੇ ਦੀ ਤਸਕਰੀ ਕਰ ਰਹੇ ਨੇ ਅਤੇ ਰਾਜ ਵਿੱਚ ਟਾਰਗੇਟ ਕਿਲਿੰਗ ਵੀ ਕਰਵਾ ਰਹੇ ਨੇ. ਇਨ੍ਹਾਂ ਲੋੜੀਂਦੇ ਅਪਰਾਧੀਆਂ ਵਿੱਚ ਲਖਬੀਰ ਸਿੰਘ ਲੰਡਾ ਸ਼ਾਮਲ ਏ, ਜੋ ਕਿ ਗ੍ਰਹਿ ਮੰਤਰਾਲੇ ਵਲੋਂ ਦਹਿਸ਼ਤਗਰਦੀ ਵਿਰੋਧੀ ਸਖ਼ਤ ਕਾਨੂੰਨ- ਗੈਰ-ਕਾਨੂੰਨੀ ਗਤੀਵਿਧੀਆਂ ਦੀ (ਰੋਕਥਾਮ) ਬਾਰੇ ਕਾਨੂੰਨ (UAPA) ਤਹਿਤ ਵਿਦੇਸ਼ੀ ਤੌਰ 'ਤੇ ਨਾਮਜ਼ਦ ਦਹਿਸ਼ਤਗਰਦ ਏ. ਇਹ ਈਨਾਮ, ਜੋ ਕਿ 5 ਲੱਖ ਰੁਪਏ ਤੋਂ ਲੈ ਕੇ 10 ਲੱਖ ਰੁਪਏ ਤੱਕ ਨੇ, ਅਪਰਾਧੀਆਂ ਦੇ ਨਾਂ ਅਤੇ ਫੋਟੋਆਂ ਦੇ ਨਾਲ, ਪੂਰੇ ਪੰਨੇ ਦੇ ਅਖਬਾਰਾਂ ਦੇ ਇਸ਼ਤਿਹਾਰਾਂ ਵਿੱਚ ਐਲਾਨ ਕੀਤੇ ਗਏ ਨੇ. ਇਨ੍ਹਾਂ ਵਿੱਚੋਂ ਜ਼ਿਆਦਾਤਰ, ਤਰਨਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਫਾਜ਼ਿਲਕਾ ਸਮੇਤ ਰਾਜ ਦੇ ਸਰਹੱਦੀ ਇਲਾਕਿਆਂ ਅਤੇ ਕੁਝ ਹੋਰ ਜ਼ਿਲ੍ਹਿਆਂ ਤੋਂ ਨੇ. ਇਨ੍ਹਾਂ ਵਿੱਚੋਂ ਕੁਝ ਰਾਜਸਥਾਨ ਤੋਂ ਨੇ ਅਤੇ ਇੱਕ ਮਹਾਰਾਸ਼ਟਰ ਤੋਂ ਵੀ ਏ। ਸਰਕਾਰ ਨੇ ਇੱਕ ਹੈਲਪਲਾਈਨ ਨੰਬਰ ਵੀ ਜਾਰੀ ਕੀਤਾ ਏ ਜਿਸ ਰਾਹੀਂ ਜਨਤਾ ਨੂੰ

ਉਨ੍ਹਾਂ ਬਾਰੇ ਜਾਣਕਾਰੀ ਦੇਣ ਦੀ ਅਪੀਲ ਕੀਤੀ ਗਈ ਏ. ਨੰਬਰ ਏ 93-946-93-946.ਨੰਬਰ ਇੱਕ ਵਾਰ ਫਿਰ ਸੁਣ ਲਓ, 93-946-93-946.

ਸਰਕਾਰ ਨੇ ਭਰੋਸਾ ਦਿੱਤਾ ਏ ਕਿ ਜਾਣਕਾਰੀ ਦੇਣ ਵਾਲਿਆਂ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ।

------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬਠਿੰਡਾ ਵਿਖੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਤੀਜੇ ਕਨਵੋਕੇਸ਼ਨ ਸਮਾਗਮ ਦੀ ਪ੍ਰਧਾਨਗੀ ਕਰਦਿਆਂ 185 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ । ਆਪਣੇ ਸੰਬੋਧਨ ਦੌਰਾਨ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਨੇ ਮਹਿਜ 10 ਸਾਲ ਦੇ ਅਰਸੇ ਵਿੱਚ ਹੀ ਸਿੱਖਿਆ ਖੇਤਰ ਵਿੱਚ ਆਪਣਾ ਨਾਂ ਰੋਸ਼ਨ ਕੀਤਾ ਏ । ਉਹਨਾਂ ਕਿਹਾ ਕਿ ਅੱਜ ਕਨਵੋਕੇਸ਼ਨ ਦੇ ਦੌਰਾਨ ਵਿਦਿਆਰਥੀਆਂ ਨੂੰ ਵੰਡੇ ਗਏ ਸੋਨੇ ਦੇ 80 ਫੀਸਦੀ ਤੋਂ ਵਧ ਤਮਗੇ ਕੁੜੀਆਂ ਨੇ ਪ੍ਰਾਪਤ ਕੀਤੇ ਨੇ. ਉਨ੍ਹਾਂ ਕਿਹਾ ਕਿ ਕੁੜੀਆਂ ਹੁਣ ਹਰ ਖੇਤਰ ਵਿਚ ਆਪਣਾ ਖ਼ੂਬ ਨਾਂ ਚਮਕਾ ਰਹੀਆਂ ਨੇ. ਉਨ੍ਹਾਂ ਕਿਹਾ ਕਿ ਪੰਜਾਬ ਦੇ ਵਿੱਚ ਨਸ਼ੇ ਭਾਵੇਂ ਇੱਕ ਚੁਣੌਤੀ ਨੇ, ਪਰ ਇਹ ਅਜਿਹੀ ਚੁਣੌਤੀ ਵੀ ਨਹੀਂ ਏ ਕਿ ਜਿਸਨੂੰ ਹਰਾਇਆ ਨਹੀਂ ਜਾ

ਸਕਦਾ। ਉਨ੍ਹਾਂ ਕਿਹਾ ਕਿ ਕਿ ਸਮੂਹਿਕ ਯਤਨਾਂ ਦੇ ਨਾਲ ਨਸ਼ਿਆਂ ਨੂੰ ਖਤਮ ਕੀਤਾ ਜਾ ਸਕਦਾ ਏ । byte --

--------------------------------------------------------------------------------

ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਏ ਕਿ ਪੰਜਾਬ ਸਰਕਾਰ, 13 ਅਪ੍ਰੈਲ ਨੂੰ ਬੁਲਾਏ ਗਏ, ਵਿਸ਼ੇਸ ਵਿਧਾਨ ਸਭਾ ਇਜਲਾਸ ਵਿਚ ਸੂਬੇ ਦੇ ਕਿਸਾਨਾਂ ਲਈ ਫਸਲ ਬੀਮਾ ਯੋਜਨਾ ਲਾਗੂ ਕਰਨ ਦਾ ਐਲਾਨ ਕਰੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਓਹਨਾਂ ਵਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਕ ਪੱਤਰ ਵੀ ਲਿਖਿਆ ਗਿਆ ਏ.ਭਾਜਪਾ ਪ੍ਰਧਾਨ ਨੇ ਆਖਿਆ ਕਿ ਭਾਰਤ ਸਰਕਾਰ ਵੱਲੋਂ ਤਾਂ ਸਾਰੇ ਦੇਸ਼ ਲਈ ਫਸਲ ਬੀਮਾ ਯੋਜਨਾ ਬਣਾਈ ਗਈ ਸੀ ਪਰ ਉਸ ਨੂੰ ਪੰਜਾਬ ਸਰਕਾਰ ਵੱਲੋਂ ਲਾਗੂ ਨਹੀਂ ਕੀਤਾ ਜਾ ਰਿਹਾ । ਉਨ੍ਹਾਂ ਕਿਹਾ ਕਿ 3 ਸਾਲ ਪਹਿਲਾਂ ਮੁਖ ਮੰਤਰੀ ਵਲੋਂ ਇਹ ਐਲਾਨ ਕੀਤਾ ਗਿਆ ਸੀ ਕਿ ਕੇਂਦਰ ਸਰਕਾਰ ਦੀ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਦੀ ਥਾਂ ਤੇ ਪੰਜਾਬ ਸਰਕਾਰ ਆਪਣੀ 'ਖੇਤੀ ਬੀਮਾ ਯੋਜਨਾ' ਲੈਕੇ ਆਵੇਗੀ। ਪਰ ਤਿੰਨ ਸਾਲ ਬੀਤ ਜਾਣ ਬਾਅਦ ਅਤੇ ਹਜਾਰਾਂ ਕਿਸਾਨਾਂ ਦਾ ਹਜਾਰਾਂ ਕਰੋੜ ਰੁਪਏ ਦਾ ਨੁਕਸਾਨ ਹੋਣ ਦੇ ਬਾਵਜੂਦ ਵੀ ਇਹ ਯੋਜਨਾ ਹਾਲੇ ਵੀ ਉਡੀਕੀ ਜਾ ਰਹੀ ਏ । ਸ਼੍ਰੀ ਜਾਖੜ ਨੇ ਕਿਹਾ ਕਿ ਇਸ ਸਮੇਂ ਪੰਜਾਬ ਦਾ ਕਿਸਾਨ ਵੱਡੀ ਕੁਦਰਤੀ ਆਫਤ ਦੀ ਮਾਰ ਝੱਲ ਰਿਹਾ ਏ । ਬੇਮੌਸਮੀ ਬਾਰਿਸ਼ ਤੇ

ਗੜ੍ਹੇਮਾਰੀ ਨੇ ਵੱਡੇ ਪੱਧਰ ਤੇ ਫਸਲਾਂ ਦਾ ਨੁਕਸਾਨ ਕੀਤਾ ਏ । ਇਸ ਤੋਂ ਪਹਿਲਾਂ ਵੀ ਸਾਲ 2023 ਅਤੇ 2025 ਵਿਚ ਹੜ੍ਹਾਂ ਨੇ ਪੰਜਾਬ ਵਿਚ ਵੱਡੀ ਤਬਾਹੀ ਮਚਾਈ ਸੀ ਅਤੇ ਹਾਲੇ ਵੀ ਅਜਿਹੇ ਕਈ ਕਿਸਾਨ ਨੇ ਜਿਨਾਂ ਨੂੰ ਮੁਆਵਜ਼ਾ ਨਹੀਂ ਮਿਲਿਆ । <><>

--------------------------------------------------------------------------------

ਪੰਜਾਬ ਰਾਜ ਵਿੱਚ ਨੇੜਲੇ ਭਵਿੱਖ ਵਿੱਚ ਹੋਣ ਵਾਲੀਆਂ 9 ਨਗਰ ਨਿਗਮ ਅਤੇ 104 ਨਗਰ ਕੌਂਸਲ ਤੇ ਨਗਰ ਪੰਚਾਇਤ ਦੀਆਂ ਆਮ ਤੇ ਜ਼ਿਮਨੀ ਚੋਣਾਂ, 2026 ਦੇ ਸੰਬਧ ਵਿੱਚ ਰਾਜ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸੁਧਾਈ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਏ ਅਤੇ ਇਸ ਬਾਬਤ ਰਾਜ ਦੇ ਸਮੂਹ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕਰ ਦਿੱਤੇ ਗਏ ਨੇ.ਭਾਰਤ ਦੇ ਚੋਣ ਕਮਿਸ਼ਨ ਪਾਸੋਂ ਪ੍ਰਾਪਤ ਮੋਜੂਦਾ ਵੋਟਰ ਸੂਚੀਆਂ ਜ਼ਿਲ੍ਹਿਆਂ, ਜਿੱਥੇ-ਜਿੱਥੇ ਨਗਰ ਪਾਲਿਕਾਵਾਂ ਵਿੱਚ ਚੋਣਾਂ ਹੋਣੀਆਂ ਨੇ, ਨੂੰ ਮੁੱਹਈਆ ਕਰਵਾ ਦਿੱਤੀਆਂ ਗਈਆਂ ਨੇ. ਇਹ ਸੋਧ ਸਥਾਨਕ ਸਰਕਾਰਾਂ ਵਿਭਾਗ ਵਲੋਂ ਅੰਤਿਮ ਕੀਤੀ ਗਈ ਹਦਬੰਦੀ ਦੇ ਮੁਤਾਬਿਕ ਕੀਤੀ ਜਾਵੇਗੀ।

--------------------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੋਰ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵੱਲੋਂ ਲੋੜਵੰਦ

ਅਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਦੀ ਭਲਾਈ ਵਾਸਤੇ, ਬੱਚਿਆਂ ਲਈ ਗੱਲਬਾਤ ਦੀ ਸਹੂਲਤ ਯਕੀਨੀ ਬਣਾਉਣ ਅਤੇ ਭਾਸ਼ਾ ਸਬੰਧੀ ਮੁਸ਼ਕਲਾਂ ਨੂੰ ਦੂਰ ਕਰਨ ਲਈ 42 ਸਪੈਸ਼ਲ ਐਜੁਕੇਟਰ, 1 ਸਾਈਨ ਲੈਂਗਵੇਜ ਇੰਟਰਪ੍ਰੇਟਰ ਅਤੇ 48 ਅਨੁਵਾਦਕ, ਪੈਨਲ ‘ਤੇ ਸ਼ਾਮਲ ਕੀਤੇ ਗਏ ਨੇ. ਇਸ ਬਾਰੇ ਵੇਰਵੇ ਦਿੰਦਿਆਂ ਓਹਨਾਂ ਕਿਹਾ ਕਿ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਨੂੰ ਅਕਸਰ ਆਪਣੀਆਂ ਭਾਵਨਾਵਾਂ ਅਤੇ ਸਮੱਸਿਆਵਾਂ ਬਿਆਨ ਕਰਨ ਵਿੱਚ ਮੁਸ਼ਕਲ ਆਉਂਦੀ ਏ, ਜਿਸ ਕਾਰਨ ਉਨ੍ਹਾਂ ਦੀ ਸੰਭਾਲ ਅਤੇ ਮੁੜ੍ਹ ਵਸੇਬੇ ਦੀ ਪ੍ਰਕਿਰਿਆ ਪ੍ਰਭਾਵਿਤ ਹੁੰਦੀ ਏ । ਹੁਣ ਇਹ ਮਾਹਿਰ ਬੱਚਿਆਂ ਅਤੇ ਬਾਲ ਭਲਾਈ ਅਥਾਰਟੀਆਂ ਵਿਚਕਾਰ ਸੰਚਾਰ ਨੂੰ ਆਸਾਨ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

---

ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ, ਖਾਲਸਾ ਸਾਜਨਾ ਦਿਵਸ, ਵਿਸਾਖੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (SGPC) ਵੱਲੋਂ 1763 ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਖਾਲਸਾ ਜੀ ਦੇ ਜੈਕਾਰਿਆਂ ਦੇ ਨਾਲ ਰਵਾਨਾ ਕੀਤਾ ਗਿਆ। ਇਸ ਧਾਰਮਿਕ ਯਾਤਰਾ ਦੌਰਾਨ ਸੰਗਤ ਵਿੱਚ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ। ਜਾਣਕਾਰੀ

ਮੁਤਾਬਿਕ ਪੂਰੇ ਭਾਰਤ ਵਿੱਚੋਂ ਕਰੀਬ 2 ਹਜ਼ਾਰ 800 ਸਿੱਖ ਸ਼ਰਧਾਲੂ ਪਾਕਿਸਤਾਨ ਦੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਜਾ ਰਹੇ ਨੇ. ਇਹ ਜੱਥਾ ਅਗਲੇ 10 ਦਿਨਾਂ ਦੌਰਾਨ ਨਨਕਾਣਾ ਸਾਹਿਬ, ਪੰਜਾ ਸਾਹਿਬ, ਡੇਰਾ ਸਾਹਿਬ, ਕਰਤਾਰਪੁਰ ਸਾਹਿਬ ਅਤੇ ਸੱਚਾ ਸੌਦਾ ਸਮੇਤ ਵੱਖ-ਵੱਖ ਪਵਿੱਤਰ ਸਥਾਨਾਂ ਦੇ ਦਰਸ਼ਨ ਕਰੇਗਾ। ਕੁਝ ਸ਼ਰਧਾਲੂਆਂ ਨੇ ਆਪਣੇ ਜਜ਼ਬਾਤ ਸਾਂਝੇ ਕਰਦਿਆਂ ਦੱਸਿਆ ਕਿ ਉਹ ਪਹਿਲੀ ਵਾਰ ਗੁਰਧਾਮਾਂ ਦੇ ਦਰਸ਼ਨਾਂ ਲਈ ਪਾਕਿਸਤਾਨ ਜਾ ਰਹੇ ਨੇ। ਜੱਥੇ ਦੇ ਆਗੂ ਸੁਰਜੀਤ ਸਿੰਘ ਨੇ ਕਿਹਾ ਕਿ ਉਹ ਪਹਿਲੀ ਵਾਰ ਇਸ ਯਾਤਰਾ ਦੀ ਅਗਵਾਈ ਕਰ ਰਹੇ ਨੇ -

<u>BYTE- Surjit Singh -</u>

---------------------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੀਆਂ ਮਾਣ-ਮੱਤੀਆਂ ਉਪਲਬਧੀਆਂ ਇੱਕ ਹੋਰ ਸ਼ਾਨਦਾਰ ਉਪਲਬਧੀ ਸ਼ਾਮਲ ਕਰਦਿਆਂ ਸੰਸਥਾ ਦੇ 20 ਕੈਡਿਟਾਂ ਨੇ ਸਰਵਿਸ ਸਿਲੈਕਸ਼ਨ ਬੋਰਡ (SSB) ਇੰਟਰਵਿਊ ਨੂੰ ਸਫ਼ਲਤਾ ਨਾਲ ਪਾਸ ਕੀਤਾ

ਏ ਅਤੇ ਜੂਨ 2026 ਵਿੱਚ ਸ਼ੁਰੂ ਹੋਣ ਵਾਲੇ ਵੱਕਾਰੀ ਨੈਸ਼ਨਲ ਡਿਫੈਂਸ ਅਕੈਡਮੀ (NDA)-156 ਕੋਰਸ ਲਈ ਅੰਤਿਮ ਮੈਰਿਟ ਸੂਚੀ ਵਿੱਚ ਸਥਾਨ ਹਾਸਿਲ ਕੀਤਾ ਏ.

---------------------------------------------------

- ਸਰਕਾਰ ਦਾ ਕਹਿਣਾ ਏ ਕਿ ਅਗਲੇ ਤਿੰਨ ਮਹੀਨਿਆਂ ਵਿੱਚ ਤਾਪ, ਸੂਰਜੀ, ਹਵਾ ਅਤੇ HYDRO ਗੈਸ ਨਾਲ 22 ਹਜ਼ਾਰ ਮੈਗਾਵਾਟ ਦੀ ਬਿਜਲੀ ਸਮਰੱਥਾ ਵਧਾਉਣ ਦੀ ਯੋਜਨਾ ਏ.
- ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਪਾਕਿਸਤਾਨ ਦੀ ਖੁਫੀਆ ਏਜੰਸੀ ISI ਅਤੇ BKI ਦੀ ਹਮਾਇਤ ਪ੍ਰਾਪਤ ਦਹਿਸ਼ਤਗਰਦੀ ਮਾਡਿਊਲਾਂ ਦਾ ਪਰਦਾਫਾਸ਼ ਕਰਦਿਆਂ ਪੰਜਾਬ ਅਤੇ ਦਿੱਲੀ ਤੋਂ 11 ਦੋਸ਼ੀਆਂ ਨੂੰ ਕੀਤਾ ਗ੍ਰਿਫ਼ਤਾਰ. ਪੰਜਾਬ ਨੇ 28 ਇਸ਼ਤਹਾਰੀ ਮੁਜਰਮਾਂ ਦੀ ਸੂਚੀ ਜਾਰੀ ਕਰ ਕੇ ਓਹਨਾਂ ਦੀਆਂ ਗਿਰਫ਼ਤਾਰੀਆਂ ‘ਤੇ , ਨਕਦ ਈਨਾਮ ਐਲਾਨੇ.
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਤੀਜੇ ਕਨਵੋਕੇਸ਼ਨ ਸਮਾਗਮ ਦੀ ਪ੍ਰਧਾਨਗੀ ਕੀਤੀ .

- ਖਾਲਸਾ ਸਾਜਨਾ ਦਿਵਸ, ਵਿਸਾਖੀ ਮੌਕੇ SGPC ਵੱਲੋਂ 1763 ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਰਵਾਨਾ.

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ,**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ.ਨਮਸ੍ਕਾਰ**